ਆਸਾ ਮਹਲਾ ੫ ਦੁਪਦੇ ॥ ਲੂਕਿ ਕਮਾਨੋ ਸੋਈ ਤੁਮ੍ ਪੇਖਿਓ ਮੂੜ ਮੁਗਧ ਮੁਕਰਾਨੀ ॥ ਆਪ ਕਮਾਨੇ ਕਉ ਲੇ ਬਾਂਧੇ ਫਿਰਿ ਪਾਛੈ ਪਛੁਤਾਨੀ ॥੧॥ ਪ੍ਰਭ ਮੇਰੇ ਸਭ ਬਿਧਿ ਆਗੈ ਜਾਨੀ ॥ ਭ੍ਰਮ ਕੇ ਮੂਸੇ ਤੂੰ ਰਾਖਤ ਪਰਦਾ ਪਾਛੈ ਜੀਅ ਕੀ ਮਾਨੀ ॥੧॥ ਰਹਾਉ ॥ ਜਿਤੁ ਜਿਤੁ ਲਾਏ ਤਿਤੁ ਤਿਤੁ ਲਾਗੇ ਕਿਆ ਕੋ ਕਰੈ ਪਰਾਨੀ ॥ ਬਖਸਿ ਲੈਹੁ ਪਾਰਬ੍ਰਹਮ ਸੁਆਮੀ ਨਾਨਕ ਸਦ ਕੁਰਬਾਨੀ ॥੨॥੬॥੧੨੮॥

ਪਦਅਰਥ:- ਲੂਕਿ—ਲੁਕ ਕੇ, ਲੋਕਾਂ ਤੋਂ ਛਿਪਾ ਕੇ। ਪੇਖਿਓ—ਵੇਖ ਲਿਆ, ਵੇਖ ਲੈਂਦਾ ਹੈਂ। ਮੂੜ ਮੁਗਧ—ਮੂਰਖ ਬੰਦੇ। ਮੁਕਰਾਨੀ—ਮੁੱਕਰਦੇ ਹਨ। ਬਾਂਧੇ—ਬੱਝ ਜਾਂਦੇ ਹਨ।1।

ਆਗੈ—ਅੱਗੇ ਹੀ, ਪਹਿਲਾਂ ਹੀ। ਮੂਸੇ—ਠੱਗੇ ਹੋਏ। ਪਾਛੈ—ਲੁਕ ਕੇ। ਜੀਅ ਕੀ ਮਾਨੀ—ਮਨ-ਮੰਨੀ (ਕਰਦਾ ਹੈ)।1। ਰਹਾਉ।

ਕੋ ਪਰਾਨੀ—ਕੋਈ ਜੀਵ।2।

ਅਰਥ:- (ਹੇ ਮੂਰਖ ਮਨੁੱਖ! ਤੂੰ ਇਸ ਭੁਲੇਖੇ ਵਿਚ ਰਹਿੰਦਾ ਹੈਂ ਕਿ ਤੇਰੀਆਂ ਕਾਲੀਆਂ ਕਰਤੂਤਾਂ ਨੂੰ ਪਰਮਾਤਮਾ ਨਹੀਂ ਜਾਣਦਾ, ਪਰ) ਮੇਰਾ ਮਾਲਕ-ਪ੍ਰਭੂ ਤਾਂ ਤੇਰੀ ਹਰੇਕ ਕਰਤੂਤ ਨੂੰ ਸਭ ਤੋਂ ਪਹਿਲਾਂ ਜਾਣ ਲੈਂਦਾ ਹੈ। ਹੇ ਭੁਲੇਖੇ ਵਿਚ ਆਤਮਕ ਜੀਵਨ ਲੁਟਾ ਰਹੇ ਜੀਵ! ਤੂੰ ਪਰਮਾਤਮਾ ਪਾਸੋਂ ਓਹਲਾ ਕਰਦਾ ਹੈਂ, ਤੇ, ਲੁਕ ਕੇ ਮਨ-ਮੰਨੀਆਂ ਕਰਦਾ ਹੈਂ।1। ਰਹਾਉ।

ਹੇ ਪ੍ਰਭੂ! ਜੇਹੜਾ ਜੇਹੜਾ (ਮੰਦਾ) ਕੰਮ ਮਨੁੱਖ ਲੁਕ ਕੇ (ਭੀ) ਕਰਦੇ ਹਨ ਤੂੰ ਵੇਖ ਲੈਂਦਾ ਹੈਂ, ਪਰ ਮੂਰਖ ਬੇ-ਸਮਝ ਮਨੁੱਖ (ਫਿਰ ਭੀ) ਮੁੱਕਰਦੇ ਹਨ। ਆਪਣੇ ਕੀਤੇ ਮੰਦ ਕਰਮਾਂ ਦਾ ਕਾਰਨ ਫੜੇ ਜਾਂਦੇ ਹਨ (ਤੇਰੀ ਹਜ਼ੂਰੀ ਵਿਚ ਉਹ ਵਿਕਾਰ ਉੱਘੜਨ ਤੇ) ਫਿਰ ਪਿਛੋਂ ਉਹ ਪਛੁਤਾਂਦੇ ਹਨ।1।

(ਪਰ ਜੀਵਾਂ ਦੇ ਭੀ ਕੀਹ ਵੱਸ?) ਜਿਸ ਜਿਸ ਪਾਸੇ ਪਰਮਾਤਮਾ ਜੀਵਾਂ ਨੂੰ ਲਾਂਦਾ ਹੈ ਉਧਰ ਉਧਰ ਉਹ ਵਿਚਾਰੇ ਲੱਗ ਪੈਂਦੇ ਹਨ। ਕੋਈ ਜੀਵ (ਪਰਮਾਤਮਾ ਦੀ ਪ੍ਰੇਰਨਾ ਅੱਗੇ) ਕੋਈ ਹੀਲ-ਹੁੱਜਤ ਨਹੀਂ ਕਰ ਸਕਦਾ।

ਹੇ ਨਾਨਕ! ਆਖ—ਹੇ ਪਰਮਾਤਮਾ! ਹੇ ਜੀਵਾਂ ਦੇ ਖਸਮ! ਤੂੰ ਆਪ ਜੀਵਾਂ ਉਤੇ ਬਖ਼ਸ਼ਸ਼ ਕਰ, ਮੈਂ ਤੈਥੋਂ ਸਦਾ ਕੁਰਬਾਨ ਜਾਂਦਾ ਹਾਂ।2।6। 128।